ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ
ਸਿਹਤ ਵਿਭਾਗ ਨੇ ਦੁਕਾਨਾਂ ਦੀ ਸਫਾਈ ਅਤੇ ਸਵੱਛਤਾ ਰੱਖਣ ਸਬੰਧੀ ਜਾਰੀ ਕੀਤੀ ਨਵੀਂ ਅਡਵਾਈਜ਼ਰੀ
ਬਰਨਾਲਾ, **2** ਮਈ
ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਨੇ ਦੁਕਾਨਾਂ, ਦੁਕਾਨਦਾਰਾਂ ਤੇ ਇਨ੍ਹਾਂ ਦੁਕਾਨਾਂ ਵਿਚ ਸੇਵਾ ਨਿਭਾ ਰਹੇ ਕਰਮਚਾਰੀਆਂ ਦੀ ਸਫਾਈ ਅਤੇ ਸਵੱਛਤਾ ਬਣਾਈ ਰੱਖਣ ਲਈ ਨਵੀਂ ਅਡਵਾਈਜ਼ਰੀ ਜਾਰੀ ਕੀਤੀ ਹੈ।
ਇਸ ਸਬੰਧੀ ਜਾਣਕਾਰੀ ਦਿੰਦਿਆਂ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਕੋਰੋਨਾ ਵਾਇਰਸ ਫੈਲਣ ਤੋਂ ਰੋਕਣ ਲਈ ਜਨ ਹਿੱਤ ਵਿੱਚ ਲਗਾਏ ਗਏ ਕਰਫਿਊ ਦੌਰਾਨ ਲੋਕਾਂ ਦੀ ਖੱੁਲ੍ਹੀ ਆਵਾਜਾਈ ’ਤੇ ਪਹਿਲਾਂ ਹੀ ਪਾਬੰਦੀਆਂ ਲਗਾਈਆਂ ਗਈਆਂ ਹਨ, ਪਰ ਕੁਝ ਸ਼ਰਤਾਂ ’ਤੇ ਕੁਝ ਕੰਮ ਜਾਰੀ ਰੱਖਣ ਨੂੰ ਆਗਿਆ ਦਿੱਤੀ ਹੈ, ਪਰ ਇਸ ਦੌਰਾ ਦੁਕਾਨਾਂ ’ਤੇ ਲੋੜੀਂਦੀਆਂ ਸਾਵਧਾਨੀਆਂ ਵਰਤਣੀਆਂ ਜ਼ਰੂਰੀ ਹਨ।
ਇਸ ਅਡਵਾਈਜ਼ਰੀ ਅਨੁਸਾਰ ਦੁਕਾਨਦਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਦੁਕਾਨਦਾਰਾਂ/ ਉਨ੍ਹਾਂ ਦੇ ਕਰਿੰਦਿਆਂ ਅਤੇ ਆਉਣ ਵਾਲੇ ਗਾਹਕਾਂ ਲਈ ਪੈਰਾਂ ਨਾਲ ਚੱਲਣ ਵਾਲੀਆਂ ਹੱਥ ਧੋਣ ਵਾਲੀਆਂ ਮਸ਼ੀਨਾਂ ਸਥਾਪਤ ਕਰਨ। ਵਾਰੀ ਵਾਰੀ ਹੱਥ ਧੋਣ ਲਈ ਇਨ੍ਹਾਂ ਹੱਥ ਧੋਣ ਵਾਲੀਆਂ ਮਸੀਨਾਂ ਦੇ ਅੱਗੇ ਗੋਲ ਚੱਕਰ ਲਗਾਏ ਜਾਣ ਤਾਂ ਜੋ ਸਮਾਜਕ ਦੂਰੀ ਦੇ ਨਿਯਮਾਂ ਦੀ ਪਾਲਣਾ ਕਰਨ ਲਈ ਘੱਟੋ ਘੱਟ **1** ਮੀਟਰ ਦੀ ਦੂਰੀ ਬਰਕਰਾਰ ਰੱਖੀ ਜਾਵੇ।
ਇਹ ਹਦਾਇਤ ਕੀਤੀ ਗਈ ਹੈ ਕਿ ਹੱਥਾਂ ਨੂੰ ਹਥੇਲੀ ਅਤੇ ਹੱਥ ਦੇ ਪਿਛਲੇ ਪਾਸੇ ਤੇ ਹਥੇਲੀ ਨਾਲ ਹੌਲੀ ਹੌਲੀ ਮਲੋ ਅਤੇ ਉਂਗਲਾਂ ਤੇ ਅੰਗੂਠੇ ਦੇ ਵਿਚਕਾਰ ਵਾਲੀ ਥਾਂ ਅਤੇ ਗੁੱਟਾਂ ਨੂੰ ਘੱਟੋ ਘੱਟ **40** ਸੈਕਿੰਡ ਲਈ ਸਾਬਣ ਨਾਲ ਧੋਇਆ ਜਾਵੇ। ਇਸਦੇ ਨਾਲ ਹੀ ਹਰ **2** ਘੰਟੇ ਬਾਅਦ ਹੱਥਾਂ ਨੂੰ ਧੋਣ ਦੀ ਸਿਫਾਰਸ਼ ਕੀਤੀ ਜਾਂਦੀ ਹੈ।
ਇਸੇ ਤਰ੍ਹਾਂ ਅਡਵਾਈਜ਼ਰੀ ਦੱਸਦੀ ਹੈ ਕਿ ਦੁਕਾਨਦਾਰਾਂ/ਵਰਕਰਾਂ ਅਤੇ ਗ੍ਰਾਹਕਾਂ ਲਈ ਦੁਕਾਨ ਵਿੱਚ ਪ੍ਰਵੇਸ਼ ਸਥਾਨ ਤੇ ਹੱਥ ਸਾਫ਼ ਕਰਨ ਲਈ ਅਲਕੋਹਲ ਯੁਕਤ ਹੈਂਡ ਸੈਨੀਟਾਈਜ਼ਰ (ਘੱਟੋ-ਘੱਟ **70** ਪ੍ਰਤੀਸ਼ਤ ਇਥਾਈਲ ਅਲਕੋਹਲ ਵਾਲਾ) ਦਾ ਪ੍ਰਬੰਧ ਕੀਤਾ ਜਾਵੇ। ਸਮੇਂ-ਸਮੇਂ ਤੇ ਸੈਨੀਟਾਈਜ਼ਰਾਂ ਨੂੰ ਰੀ-ਫਿਲ ਕੀਤਾ ਜਾਵੇ ਜਾਂ ਬਦਲਿਆ ਜਾਵੇ। ਘੱਟੋ-ਘੱਟ **3** ਐਮਐਲ ਸੈਨੀਟਾਈਜ਼ਰ (ਲਗਭਗ **2** ਵਾਰ ਦਬਾ ਕੇ ਕੱਢੋ) ਸੁੱਕੇ ਹੱਥਾਂ ਤੇ ਲਗਾਓ ਅਤੇ ਘੱਟੋ-ਘੱਟ **30** ਸੈਕਿੰਡ ਤੱਕ ਮਲ ਕੇ ਹੱਥ ਧੋਤੇ ਜਾਣ।
ਅਡਵਾਈਜ਼ਰੀ ਵਿੱਚ ਦਿੱਤੇ ਹੋਰ ਮਹੱਤਵਪੂਰਣ ਨੁਕਤਿਆਂ ਵਿਚ ਇਹ ਵੀ ਕਿਹਾ ਗਿਆ ਹੈ ਕਿ ਹਰੇਕ ਨੂੰ ਹੱਥ ਸਾਫ ਕਰਨੇ ਚਾਹੀਦੇ ਹਨ ਜਾਂ ਹੱਥ ਧੋਣੇ ਚਾਹੀਦੇ ਹਨ ਭਾਵੇਂ ਹੱਥ ਸਾਫ ਦਿਖਾਈ ਦੇ ਰਹੇ ਹੋਣ। ਹੱਥਾਂ ਨੂੰ ਜਾਂ ਤਾਂ ਸਵੱਛ ਬਣਾਇਆ ਜਾਣਾ ਚਾਹੀਦਾ ਹੈ ਜਾਂ ਸਾਬਣ ਨਾਲ ਧੋਣਾ ਚਾਹੀਦਾ ਹੈ। ਦੁਕਾਨਦਾਰ ਅਤੇ ਉਹਨਾਂ ਦੇ ਕਰਮਚਾਰੀਆਂ ਨੂੰ ਹਰ ਵੇਲੇ ਕੱਪੜੇ ਦਾ ਮਾਸਕ ਪਹਿਨਣਾ ਚਾਹੀਦਾ ਹੈ, ਮਤਲਬ (ਘਰੋਂ ਨਿਕਲਣ ਸਮੇਂ ਤੋਂ ਲੈ ਕੇ ਦੁਬਾਰ ਘਰ ਵਿਚ ਦਾਖਲ ਹੋਣ ਤਕ)। ਮਾਸਕ ਨੂੰ ਇਸ ਢੰਗ ਨਾਲ ਪਹਿਨਿਆ ਜਾਣਾ ਚਾਹੀਦਾ ਹੈ ਕਿ ਇਹ ਨੱਕ ਦੇ ਨਾਲ ਨਾਲ ਮੂੰਹ ਨੂੰ ਪੂਰੀ ਤਰ੍ਹਾਂ ਢਕਿਆ ਹੋਵੇ।ਵਰਤੋਂ ਤੋਂ ਬਾਅਦ ਕੱਪੜੇ ਦੇ ਮਾਸਕ ਨੂੰ ਰੋਜ਼ ਸਾਬਣ ਅਤੇ ਪਾਣੀ ਨਾਲ ਧੋਣਾ ਚਾਹੀਦਾ ਹੈ। ਦੁਕਾਨਦਾਰਾਂ ਅਤੇ ਉਨ੍ਹਾਂ ਦੇ ਵਰਕਰਾਂ ਨੂੰ ਇੱਕ ਦੂਜੇ ਨੂੰ ਵਧਾਈ ਦੇਣ ਲਈ ਹੱਥ ਮਿਲਾਉਣ ਜਾਂ ਜੱਫੀ ਨਹੀਂ ਪਾਉਣੀ ਚਾਹੀਦੀ।
ਬੁਲਾਰੇ ਨੇ ਕਿਹਾ ਕਿ ਐਡਵਾਇਜ਼ਰੀ ਵਿੱਚ ਸਾਰਿਆਂ ਨੂੰ ਸਲਾਹ ਦਿੱਤੀ ਗਈ ਹੈ ਕਿ ਸਮਾਜਿਕ ਦੂਰੀ ਦੇ ਨਿਯਮਾਂ ਦੀ ਸਖਤੀ ਨਾਲ ਪਾਲਣਾ ਕੀਤੀ ਜਾਵੇ ਅਤੇ ਹਰ ਸਮੇਂ ਇੱਕ ਦੂਜੇ ਤੋਂ ਘੱਟੋ-ਘੱਟ **1** ਮੀਟਰ ਦੀ ਦੂਰੀ ਬਣਾ ਕੇ ਰੱਖੀ ਜਾਵੇ ।ਦੁਕਾਨਦਾਰ ਅਤੇ ਉਸਦੇ ਵਰਕਰਾਂ ਨੂੰ ਸਲਾਹ ਦਿੱਤੀ ਜਾਵੇ ਕਿ ਉਹ ਬਿਨਾਂ ਵਜਾ ਤੋਂ ਮਾਰਕਿਟ ਵਿੱਚ ਇਧਰ-ਉਧਰ ਨਾ ਘੁੰਮਣ ।ਦੁਕਾਨਦਾਰ ਅਤੇ ਉਸਦੇ ਵਰਕਰ ਚਾਹ ਤੇ ਲੰਚ ਦੌਰਾਨ ਕਿਸੇ ਵੀ ਖਾਣ-ਪੀਣ ਦੀ ਵਸਤੂ ਨੂੰ ਛੂਹਣ ਤੋਂ ਪਹਿਲਾਂ ਆਪਣੇ ਹੱਥਾਂ ਨੂੰ ਨਿਯਮਿਤ ਤਰੀਕੇ ਨਾਲ ਧੋਵੋ/ਸੈਨੀਟਾਈਜ਼ ਕਰੋ। ਇੱਕ-ਦੂਜੇ ਨਾਲ ਖਾਣਾ ਅਤੇ ਭਾਂਡਿਆਂ ਨੂੰ ਸਾਂਝਾ ਨਾ ਕੀਤਾ ਜਾਵੇ। ਦੁਕਾਨਦਾਰ ਅਤੇ ਉਸਦੇ ਵਰਕਰਾਂ ਵੱਲੋਂ ਦੁਕਾਨ/ਮਾਰਕਿਟ ਵਿੱਚ ਵਿੱਚ ਧੂਮਰਪਾਨ ਜਾਂ ਤੰਬਾਕੂ ਆਧਾਰਿਤ ਚੀਜ਼ਾਂ ਜਿਵੇਂ ਕਿ ਗੁਟਕਾ, ਪਾਨ ਮਸਾਲਾ ਆਦਿ ਦਾ ਸੇਵਨ ਨਾ ਕੀਤਾ ਜਾਵੇ। ਜੇਕਰ ਕਿਸੇ ਵੀ ਦੁਕਾਨਦਾਰ / ਵਰਕਰ ਨੂੰ ਖੰਘ/ਛਿੱਕਾਂ ਆ ਰਹੀਆਂ ਹਨ ਤਾਂ ਰੁਮਾਲ ਨਾਲ ਮੂੰਹ ਤੇ ਨੱਕ ਨੂੰ ਢੱਕਿਆ ਜਾਵੇ, ਜਿਸ ਨੂੰ ਆਪਣੀ ਜੇਬ/ਪਰਸ ਵਿੱਚ ਰੱਖਿਆ ਜਾਵੇ ਅਤੇ ਇਸ ਰੁਮਾਲ ਨੂੰ ਕਿਸੇ ਹੋਰ ਵਸਤੂ ਦੇ ਸੰਪਰਕ ਵਿੱਚ ਨਾ ਆਉਣ

ਦਿੱਤਾ ਜਾਵੇ।ਜੇਕਰ ਦੁਕਾਨਦਾਰ / ਵਰਕਰ ਕੋਲ ਰੁਮਾਲ ਨਹੀਂ ਹੈ ਤਾਂ ਆਪਣੇ ਮੂੰਹ ਤੇ ਨੱਕ ਨੂੰ ਆਪਣੀ ਕੂਹਣੀ ਨਾਲ ਢਕੋ। ਉਪਰੋਕਤ ਦੋਵਾਂ ਮਾਮਲਿਆਂ ਵਿੱਚ ਆਪਣੇ ਹੱਥ ਜਾਂ ਖੰਘ/ਛਿੱਕਾਂ ਦੇ ਸੰਪਰਕ ਵਿੱਚ ਆਏ ਹੋਰ ਹਿੱਸਿਆਂ ਨੂੰ ਨਿਯਮਿਤ ਢੰਗ ਨਾਲ ਧੋਤਾ ਜਾਂ ਸੈਨੀਟਾਈਜ਼ ਕੀਤਾ ਜਾਵੇ।ਦੁਕਾਨਦਾਰ / ਵਰਕਰ ਆਪਣੇ ਚਿਹਰੇ, ਮੂੰਹ, ਨੱਕ, ਅੱਖਾਂ ਨੂੰ ਹੱਥਾਂ ਨਾਲ ਨਾ ਛੂਹੋ।ਖੁੱਲੇ ਵਿੱਚ ਨਾ ਥੁੱਕੋ ਅਤੇ ਜ਼ਰੂਰਤ ਪੈਣ ਤੇ ਦੁਕਾਨ / ਜਨਤਕ ਟਾਇਲਟ ਦੇ ਵਾਸ਼ਬੇਸਨ ਦੀ ਵਰਤੋਂ ਕਰੋ, ਜਿਸ ਨੂੰ ਬਾਅਦ ਵਿੱਚ ਨਿਯਮਿਤ ਢੰਗ ਨਾਲ ਸਾਫ ਕੀਤਾ ਜਾਵੇ।ਦੁਕਾਨਦਾਰ / ਵਰਕਰਾਂ ਵੱਲੋਂ ਕਿਸੇ ਵੀ ਪ੍ਰਕਾਰ ਦਾ ਕੋਈ ਵੀ ਜਨਤਕ, ਧਾਰਮਿਕ, ਰਾਜਨੀਤਿਕ ਆਦਿ ਇਕੱਠ ਨਾ ਕੀਤਾ ਜਾਵੇ। ਦੁਕਾਨਦਾਰ / ਵਰਕਰਾਂ ਵੱਲੋਂ ਬਿਨਾਂ ਕਿਸੇ ਪੁਖ਼ਤਾ ਜਾਣਕਾਰੀ ਤੋਂ ਕੋਵਿਡ-19 ਬਾਰੇ ਗੱਲਾਂ/ਅਫ਼ਵਾਹਾਂ ਨਾ ਫੈਲਾਈਆਂ ਜਾਣ। ਮੈਨੇਜਮੈਂਟ ਵੱਲੋਂ ਮੁਲਾਜਮਾਂ ਨੂੰ ਸਹੀ ਤੇ ਪੁਖ਼ਤਾ ਜਾਣਕਾਰੀ ਲਈ ਪੰਜਾਬ ਸਰਕਾਰ ਵੱਲੋਂ ਬਣਾਈ ਗਈ ਕੋਵਾ ਐਪ ਡਾਊਨਲੋਡ ਕਰਨ ਲਈ ਪ੍ਰੇਰਿਤ ਕੀਤਾ ਜਾਵੇ।

ਦੁਕਾਨਾਂ ਦੀ ਸਾਫ਼-ਸਫ਼ਾਈ ਲਈ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਅੰਦਰੂਨੀ ਸਥਾਨ ਨੂੰ ਰੋਜ਼ਾਨਾ ਸ਼ਾਮ ਵੇਲੇ ਦੁਕਾਨ ਨੂੰ ਵਧਾਉਣ/ਬੰਦ ਕਰਨ ਸਮੇਂ ਜਾਂ ਸਵੇਰੇ ਦੁਕਾਨ ਖੋਲਣ ਤੋਂ ਪਹਿਲਾਂ ਸਾਫ਼ ਕੀਤਾ ਜਾਵੇ। ਜੇਕਰ ਕੋਈ ਵੀ ਸਤਿਹ ਤੇ ਗੰਦਗੀ ਦਿਖਾਈ ਦਿੰਦੀ ਹੈ ਤਾਂ ਇਸ ਨੂੰ ਸਾਬਣ ਤੇ ਪਾਣੀ ਨਾਲ ਧੋਣ ਤੋਂ ਬਾਅਦ ਡਿਸਇਨਫੈਕਟ ਕੀਤਾ ਜਾਵੇ। ਵਰਕਰ/ਦੁਕਾਨਦਾਰ ਵੱਲੋਂ ਸਫ਼ਾਈ ਕਰਨ ਤੋਂ ਪਹਿਲਾਂ ਡਿਸਪੋਜ਼ੇਬਲ ਰਬੜ ਬੂਟ, ਦਸਤਾਨੇ (ਹੈਵੀ ਡਿਊਟੀ), ਮਾਸਕ ਪਹਿਨਿਆ ਜਾਵੇ।ਸਾਫ਼ ਸਥਾਨਾਂ ਤੋਂ ਸਫ਼ਾਈ ਸ਼ੁਰੂ ਕਰਕੇ ਜ਼ਿਆਦਾ ਗੰਦਗੀ ਵਾਲੇ ਖੇਤਰਾਂ ਵੱਲ ਨੂੰ ਸਫ਼ਾਈ ਕੀਤੀ ਜਾਵੇ।ਸਾਰੇ ਅੰਦਰੂਨੀ ਖੇਤਰ ਜਿਵੇਂ ਕਿ ਸ਼ੈਲਵਸ, ਰਾਹ, ਸਟੋਰੇਜ ਖੇਤਰ, ਗੋਦਾਮ, ਬੇਸਮੈਂਟ ਆਦਿ ਨੂੰ 1 ਪ੍ਰਤੀਸ਼ਤ ਸੋਡੀਅਮ ਹਾਈਪੋਕੋਲੋਰਾਈਟ ਨਾਲ ਜਾਂ ਮਾਰਕਿਟ ਵਿੱਚ ਉਪਲਬੱਧ ਇਸ ਬਰਾਬਰ ਦੇ ਹੋਰ ਸਫ਼ਾਈ ਪ੍ਰੋਡਕਟ ਨਾਲ ਡਿਸਇਨਫੈਕਟ ਕੀਤਾ ਜਾਵੇ।ਜ਼ਿਆਦਾ ਛੂਹਣ ਵਾਲੀਆਂ ਵਸਤੂਆਂ ਜਿਵੇਂ ਕਿ ਪਬਲਿਕ ਕਾਊਂਟਰ, ਇੰਟਰਕਾਮ ਸਿਸਟਮ, ਟੈਲੀਫੋਨ, ਪ੍ਰਿੰਟਰ/ਸਕੈਨਰ ਅਤੇ ਹੋਰ ਮਸ਼ੀਨਾਂ, ਹੈਂਡਰੇਲ/ ਹੈਂਡਲ ਨੂੰ ਰੋਜ਼ਾਨਾ 2 ਵਾਰ ਸੋਡੀਅਮ ਹਾਈਪੋਕੋਲੋਰਾਈਟ ਸੋਲਿਉਸ਼ਨ (1 ਪ੍ਰਤੀਸ਼ਤ ) ਦੇ ਗਿੱਲੇ ਕੱਪੜੇ ਨਾਲ ਸਾਫ਼ ਕੀਤਾ ਜਾਵੇ। ਆਮ ਤੌਰ ਤੇ ਛੂਹੀਆਂ ਜਾਣ ਵਾਲੀਆਂ ਜਿਵੇਂ ਕਿ ਮੇਜ਼ ਦੀ ਉਪਰਲੀ ਸਤਿਹ, ਕੁਰਸੀਆਂ ਦੇ ਹੈਂਡਲ, ਪੈਨ, ਡਾਇਰੀ, ਫਾਈਲਾਂ, ਕੀ-ਬੋਰਡ, ਮਾਊਸ, ਮਾਊਸ ਪੈਡ, ਚਾਹ ਕਾਫੀ ਵਾਲੀ ਮਸ਼ੀਨ ਆਦਿ ਦੀ ਖ਼ਾਸ ਤੌਰ ਤੇ ਸਫ਼ਾਈ ਕੀਤੀ ਜਾਵੇ। ਧਾਤੂ ਦੀਆਂ ਵਸਤੂਆਂ ਜਿਵੇਂ ਕਿ ਦਰਵਾਜਿਆਂ ਦੇ ਹੈਂਡਲ, ਸਿਕਉਰਿਟੀ ਲੋਕ (ਜ਼ਿੰਦਰੇ), ਚਾਬੀਆਂ ਆਦਿ ਨੂੰ ਸਾਫ਼ ਕੀਤਾ ਜਾਵੇ। ਜੋ ਚੀਜ਼ਾਂ/ਸਤਿਹਾਂ ਨੂੰ ਬਲੀਚ ਪਾਊਡਰ ਨਾਲ ਸਾਫ਼ ਨਹੀਂ ਕੀਤਾ ਜਾ ਸਕਦਾ, ਉਨਾਂ ਨੂੰ 70 ਪ੍ਰਤੀਸ਼ਤ ਅਲਕੋਹਲ ਵਾਲੇ ਸੈਨੀਟਾਈਜ਼ਰ/ਪ੍ਰੋਡਕਟ ਨਾਲ ਸਾਫ਼ ਕੀਤਾ ਜਾਵੇ।ਸਾਫ਼-ਸਫ਼ਾਈ ਲਈ ਵਰਤੇ ਗਏ ਸਮਾਨ ਨੂੰ ਵੀ ਇਸਤੇਮਾਲ ਤੋਂ ਬਾਅਦ ਸੁਰੱਖਿਅਤ ਢੰਗ ਨਾਲ ਸਾਫ਼ ਕਰੋ।ਸਫਾਈ ਦੌਰਾਨ ਸੁਰੱਖਿਆ ਲਈ ਪਹਿਨੇ ਗਏ ਪ੍ਰੋਟੈਕਟਿਵ ਗਿਅਰ ਨੂੰ ਨਿਯਮਿਤ ਢੰਗ ਨਾਲ ਨਸ਼ਟ ਕੀਤਾ ਜਾਵੇ।ਇਸਦੇ ਨਾਲ ਹੀ ਸਾਰੇ ਵਰਕਰਾਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਕੰਮ ਕਰਨ ਦੇ ਸਥਾਨ ਨੂੰ ਡਿਸਇਨਫੈਕਟਿੰਗ ਵਾਈਪ ਜਾਂ ਕੱਪੜੇ ਨਾਲ ਸਾਫ਼ ਕਰਨ ਅਤੇ ਇੱਕ ਦੂਜੇ ਤੋਂ ਇੱਕ ਸੀਟ ਛੱਡ ਕੇ ਬੈਠਣ, ਜੇਕਰ ਸੰਭਵ ਹੋਵੇ ਤਾਂ 2 ਸੀਟਾਂ ਛੱਡ ਕੇ ਬੈਠਣ।ਇਸੇ ਤਰ੍ਹਾਂ ਐਡਵਾਇਜ਼ਰੀ ਵਿੱਚ ਕਿਹਾ ਗਿਆ ਹੈ ਕਿ ਅੰਦਰੂਨੀ ਖੇਤਰ ਦੇ ਮੁਕਾਬਲੇ ਬਾਹਰੀ ਖੇਤਰਾਂ ਵਿੱਚ ਹਵਾ ਦੇ ਵਹਾਅ ਅਤੇ ਧੁੱਪ ਦੇ ਕਾਰਣ ਖ਼ਤਰਾ ਘੱਟ ਹੈ। ਇਨਾਂ ਖੇਤਰਾਂ ਦੀ ਸਾਫ਼ ਸਫ਼ਾਈ ਅਤੇ ਡਿਸਇਨਫੈਕਸ਼ਨ ਪ੍ਰਕ੍ਰਿਆ ਦੌਰਾਨ ਜ਼ਿਆਦਾ ਛੂਹੀਆਂ ਜਾਣ ਵਾਲੀਆਂ/ਸੰਕ੍ਰਮਿਤ ਵਸਤੂਆਂ ਦੀ ਸਫ਼ਾਈ ਉਪਰੋਕਤ ਦਰਸਾਏ ਅਨੁਸਾਰ ਧਿਆਨ ਨਾਲ ਕੀਤੀ ਜਾਵੇ।

ਜਨਤਕ ਪਖ਼ਾਨਿਆਂ ਦੀ ਸਾਫ਼-ਸਫ਼ਾਈ ਸਬੰਧੀ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਸਫ਼ਾਈ ਕਰਮਚਾਰੀਆਂ ਵੱਲੋਂ ਹਰ ਪਖਾਨੇ ਦੀ ਸਫ਼ਾਈ ਲਈ ਵੱਖਰੇ ਸਮਾਨ ਦੀ ਵਰਤੋਂ ਕੀਤੀ ਜਾਵੇ (ਜਿਵੇਂ ਕਿ ਪੋਚੇ, ਝਾੜੂ, ਨਾਈਲੋਨ ਸਕਰਬਰ ਆਦਿ) ਅਤੇ ਸਿੰਕ ਅਤੇ ਕੱਮੋਡ ਆਦਿ ਦੀ ਸਫ਼ਾਈ ਲਈ ਸਮਾਨ ਦੇ ਵੱਖਰੇ ਸੈੱਟ ਦੀ ਵਰਤੋਂ ਕੀਤੀ ਜਾਵੇ। ਪਖਾਨੇ ਦੀ ਸਫ਼ਾਈ ਕਰਨ ਦੌਰਾਨ ਸਫ਼ਾਈ ਕਰਮਚਾਰੀਆਂ ਵੱਲੋਂ ਹੱਥਾਂ ਤੇ ਡਿਸਪੋਜ਼ੇਬਲ ਦਸਤਾਨੇ ਪਹਿਨੇ ਜਾਣ। ਪਖਾਨਿਆਂ ਦੇ ਸਿੰਕ, ਕੰਮੋਡ, ਟੂਟੀਆਂ ਆਦਿ ਨੂੰ ਸਾਬਣ ਤੇ ਪਾਣੀ ਨਾਲ ਚੰਗੀ ਤਰਾਂ ਧੋਵੋ ਅਤੇ ਉਸਤੋਂ ਬਾਅਦ ਸੋਡੀਅਮ ਹਾਈਪੋਕਲੋਰਾਈਟ (1 ਪ੍ਰਤੀਸ਼ਤ) ਜਾਂ ਮਾਰਕਿਟ ਵਿੱਚ ਉਪਲਬੱਧ ਇਸ ਬਰਾਬਰ ਦੇ ਹੋਰ ਸਫ਼ਾਈ ਪ੍ਰੋਡਕਟ ਨਾਲ ਡਿਸਇਨਫੈਕਟ ਕੀਤਾ ਜਾਵੇ।

ਐਡਵਾਇਜ਼ਰੀ ਵਿੱਚ ਦਿੱਤੇ ਗਏ ਵਿਸ਼ੇਸ਼ ਦਿਸ਼ਾ-ਨਿਰਦੇਸ਼ਾਂ ਵਿੱਚ ਕਿਹਾ ਗਿਆ ਹੈ ਕਿ ਦੁਕਾਨਦਾਰ ਵੱਲੋਂ ਗ੍ਰਾਹਕਾਂ ਨੂੰ ਖ਼ਾਸ ਤੌਰ ਤੇ ਪੁਰਾਣੇ ਗ੍ਰਾਹਕਾਂ ਨੂੰ ਹੋਮ ਡਿਲੀਵਰੀ ਕਰਨ ਨੂੰ ਪ੍ਰਮੁੱਖਤਾ ਦਿੱਤੀ ਜਾਵੇ। ਦੁਕਾਨਦਾਰ ਵੱਲੋਂ ਗ੍ਰਾਹਕਾਂ ਵਿਚਕਾਰ ਘੱਟੋ-ਘੱਟ **1** ਮੀਟਰ ਦੀ ਦੂਰੀ ਯਕੀਨੀ ਬਣਾਈ ਜਾਵੇ ਅਤੇ ਦੁਕਾਨ ਦੇ ਬਾਹਰ ਗ੍ਰਾਹਕਾਂ ਵਿਚਕਾਰ ਘੱਟੋ-ਘੱਟ **1** ਮੀਟਰ ਦੂਰੀ ਬਣਾਏ ਰੱਖਣ ਲਈ ਜਗਾ ਦੀ ਨਿਸ਼ਾਨਦੇਹੀ ਕੀਤੀ ਜਾਵੇ। ਦੁਕਾਨਦਾਰ ਯਕੀਨੀ ਬਣਾਉਣ ਕਿ ਸਾਰੇ ਗ੍ਰਾਹਕਾਂ ਨੇ ਸਹੀ ਢੰਗ ਨਾਲ ਮਾਸਕ ਪਹਿਨਿਆ ਹੋਵੇ। ਦੁਕਾਨ ਵਿੱਚ ਆਉਣ ਵਾਲੇ ਸਾਰੇ ਗ੍ਰਾਹਕਾਂ ਨੂੰ ਪ੍ਰੇਰਿਤ ਕੀਤਾ ਜਾਵੇ ਕਿ ਉਹ ਆਮ ਸਲਾਹਾਂ ਵਿੱਚ ਲੜੀ ਨੰਬਰ **5** ਤੇ ਦੱਸੇ ਅਨੁਸਾਰ ਹੱਥਾਂ ਨੂੰ ਨਿਯਮਿਤ ਤਰੀਕੇ ਨਾਲ ਸੈਨੀਟਾਈਜ਼ ਕਰਨ। ਇਸੇ ਤਰਾਂ ਦੁਕਾਨ ਛੱਡਣ ਸਮੇਂ ਗ੍ਰਾਹਕਾਂ ਨੂੰ ਹੱਥਾਂ ਨੂੰ ਸੈਨੀਟਾਈਜ਼ ਕਰਨ ਲਈ ਪ੍ਰੇਰਿਤ ਕੀਤਾ ਜਾਵੇ। ਗ੍ਰਾਹਕ ਨੂੰ ਸਲਾਹ ਦਿੱਤੀ ਜਾਵੇ ਕਿ ਉਨਾਂ ਨੇ ਡਿਸਪਲੇਅ ਕੀਤੀ ਜਾਂ ਉਥੇ ਰੱਖੀ ਜਿਸ ਚੀਜ਼ ਨੂੰ ਨਹੀਂ ਖਰੀਦਣਾ ਉਸਨੂੰ ਹੱਥ ਲਗਾਉਣ ਤੋਂ ਪਰਹੇਜ਼ ਕੀਤਾ ਜਾਵੇ। ਦੁਕਾਨਦਾਰ ਵੱਲੋਂ ਗ੍ਰਾਹਕਾਂ ਨੂੰ ਸਮਾਨ ਦੀ ਪਰਚੀ ਲਿਖ ਕੇ ਦੇਣ ਲਈ ਪ੍ਰੇਰਿਤ ਕੀਤਾ ਜਾਵੇ, ਜਿਸਨੂੰ ਕਾਉਟਰ ਤੇ ਰੱਖ ਕੇ ਦੁਕਾਨਦਾਰ ਜਾਂ ਉਸਦੇ ਵਰਕਰਾਂ ਵੱਲੋਂ ਉਥੇ ਹੀ ਸਮਾਨ ਦੀ ਸਪਲਾਈ ਦਿੱਤੀ ਜਾਵੇ। ਦੁਕਾਨਦਾਰਾਂ ਵੱਲੋਂ ਆਪਣੇ ਗ੍ਰਾਹਕਾਂ ਨੂੰ ਡਿਜੀਟਲ ਟ੍ਰਾਂਸੈਕਸ਼ਨ ਲਈ ਪ੍ਰੇਰਿਤ ਕੀਤਾ ਜਾਵੇ। ਦੁਕਾਨਦਾਰ ਅਤੇ ਉਸਦੇ ਵਰਕਰਾਂ ਅਤੇ ਗ੍ਰਾਹਕਾਂ ਵੱਲੋਂ ਕਰੰਸੀ ਨੋਟਾਂ ਦੇ ਲੈਣ-ਦੇਣ ਤਾਂ ਤੁਰੰਤ ਬਾਅਦ ਹੱਥਾਂ ਨੂੰ ਸੈਨੀਟਾਈਜ਼ ਕੀਤਾ ਜਾਵੇ। ਦੁਕਾਨਦਾਰ ਵੱਲੋਂ ਗ੍ਰਾਹਕਾਂ ਨੂੰ ਸਮਾਨ ਲਿਜਾਉਣ ਲਈ ਆਪਣੇ ਘਰ ਤੋਂ ਹੀ ਕੱਪੜੇ ਦਾ ਥੈਲਾ ਲੈ ਕੇ ਆਉਣ ਲਈ ਪ੍ਰੇਰਿਤ ਕੀਤਾ ਜਾਵੇ। ਇਸ ਕੱਪੜੇ ਦੇ ਥੈਲੇ ਨੂੰ ਬਾਅਦ ਵਿੱਚ ਕੋਸੇ ਪਾਣੀ ਅਤੇ ਸਾਬਣ/ਡਿਟਰਜੈਂਟ ਨਾਲ ਧੋਤਾ ਜਾਵੇ।

ਦੁਕਾਨਾਂ ਵਿੱਚ ਏਅਰ ਕੰਡੀਸ਼ਨਿੰਗ/ ਕੂਲਰ ਦੀ ਵਰਤੋਂ ਸਬੰਧੀ ਐਡਵਾਇਜ਼ਰੀ ਵਿੱਚ ਕਿਹਾ ਗਿਆ ਹੇ ਕਿ ਕੰਮ ਵਾਲੀਆਂ ਥਾਵਾਂ ਤੇ ਕੁਦਰਤੀ ਹਵਾ ਨੂੰ ਪ੍ਰਮੁੱਖਤਾ ਦਿੱਤੀ ਜਾਵੇ।ਹਵਾ ਦੇ ਵਹਾਅ (ਵੈਂਟੀਲੇਸ਼ਨ) ਨੂੰ ਵਧਾਉਣ ਦੇ ਲਈ ਦੁਕਾਨਾਂ ਦੇ ਅੰਦਰ ਨਿਕਾਸੀ ਪੱਖੇ (ਐਗਜਾਸਟਫੈਨ) ਲਗਾਏ ਜਾ ਸਕਦੇ ਹਨ। ਐਡਵਾਇਜ਼ਰੀ ਵਿੱਚ ਕਿਹਾ ਗਿਆ ਹੈ ਕਿ ਜੇਕਰ ਕੋਈ ਦੁਕਾਨਦਾਰ / ਵਰਕਰ ਕੋਵਿਡ-**19** ਦਾ ਇਲਾਜ ਕਰਵਾ ਰਿਹਾ ਹੈ ਜਾਂ ਪੁਸ਼ਟੀ ਹੋਈ ਹੈ ਅਤੇ ਤੁਸੀਂ ਉਸਦੇ ਸੰਪਰਕ ਵਿੱਚ ਆਏ ਹੋ ਤਾਂ ਘਬਰਾਉਣ ਦੀ ਕੋਈ ਜ਼ਰੂਰਤ ਨਹੀਂ ਹੈ। ਇਸ ਦੇ ਸਬੰਧ ਵਿੱਚ ਹੈਲਪਲਾਈਨ ਨੰਬਰ **104** ਜਾਂ ਸਟੇਟ ਕੰਟਰੋਲ ਰੂਮ ਨੰਬਰ **0172-2920074 / 08872090029** ’ਤੇ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ’ਤੇ ਕਾਲ ਕਰਕੇ ਸੰਪਰਕ ਵਿੱਚ ਆਉਣ ਦੀ ਪੂਰੀ ਜਾਣਕਾਰੀ ਦਿੱਤੀ ਜਾਵੇ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ

ਸਿਹਤ ਵਿਭਾਗ ਨੇ ਦੁਕਾਨਾਂ ਦੀ ਸਫਾਈ ਅਤੇ ਸਵੱਛਤਾ ਰੱਖਣ ਸਬੰਧੀ ਜਾਰੀ ਕੀਤੀ ਨਵੀਂ ਅਡਵਾਈਜ਼ਰੀ

ਬਰਨਾਲਾ, 2 ਮਈ

ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਨੇ ਦੁਕਾਨਾਂ, ਦੁਕਾਨਦਾਰਾਂ ਤੇ ਇਨ੍ਹਾਂ ਦੁਕਾਨਾਂ ਵਿਚ ਸੇਵਾ ਨਿਭਾ ਰਹੇ ਕਰਮਚਾਰੀਆਂ ਦੀ ਸਫਾਈ ਅਤੇ ਸਵੱਛਤਾ ਬਣਾਈ ਰੱਖਣ ਲਈ ਨਵੀਂ ਅਡਵਾਈਜ਼ਰੀ ਜਾਰੀ ਕੀਤੀ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਕੋਰੋਨਾ ਵਾਇਰਸ ਫੈਲਣ ਤੋਂ ਰੋਕਣ ਲਈ ਜਨ ਹਿੱਤ ਵਿੱਚ ਲਗਾਏ ਗਏ ਕਰਫਿਊ  ਦੌਰਾਨ ਲੋਕਾਂ ਦੀ ਖੱੁਲ੍ਹੀ ਆਵਾਜਾਈ ’ਤੇ ਪਹਿਲਾਂ ਹੀ ਪਾਬੰਦੀਆਂ ਲਗਾਈਆਂ ਗਈਆਂ ਹਨ, ਪਰ ਕੁਝ ਸ਼ਰਤਾਂ ’ਤੇ ਕੁਝ ਕੰਮ ਜਾਰੀ ਰੱਖਣ ਨੂੰ ਆਗਿਆ ਦਿੱਤੀ ਹੈ, ਪਰ ਇਸ ਦੌਰਾ  ਦੁਕਾਨਾਂ ’ਤੇ ਲੋੜੀਂਦੀਆਂ ਸਾਵਧਾਨੀਆਂ ਵਰਤਣੀਆਂ ਜ਼ਰੂਰੀ ਹਨ।

ਇਸ ਅਡਵਾਈਜ਼ਰੀ ਅਨੁਸਾਰ ਦੁਕਾਨਦਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਦੁਕਾਨਦਾਰਾਂ/ ਉਨ੍ਹਾਂ ਦੇ ਕਰਿੰਦਿਆਂ ਅਤੇ ਆਉਣ ਵਾਲੇ ਗਾਹਕਾਂ ਲਈ ਪੈਰਾਂ ਨਾਲ ਚੱਲਣ ਵਾਲੀਆਂ ਹੱਥ ਧੋਣ ਵਾਲੀਆਂ ਮਸ਼ੀਨਾਂ ਸਥਾਪਤ ਕਰਨ। ਵਾਰੀ ਵਾਰੀ ਹੱਥ ਧੋਣ ਲਈ ਇਨ੍ਹਾਂ ਹੱਥ ਧੋਣ ਵਾਲੀਆਂ ਮਸੀਨਾਂ ਦੇ ਅੱਗੇ ਗੋਲ ਚੱਕਰ ਲਗਾਏ ਜਾਣ ਤਾਂ ਜੋ ਸਮਾਜਕ ਦੂਰੀ ਦੇ ਨਿਯਮਾਂ ਦੀ ਪਾਲਣਾ ਕਰਨ ਲਈ ਘੱਟੋ ਘੱਟ 1 ਮੀਟਰ ਦੀ ਦੂਰੀ  ਬਰਕਰਾਰ ਰੱਖੀ ਜਾਵੇ।

ਇਹ ਹਦਾਇਤ ਕੀਤੀ ਗਈ ਹੈ ਕਿ ਹੱਥਾਂ ਨੂੰ ਹਥੇਲੀ ਅਤੇ ਹੱਥ ਦੇ ਪਿਛਲੇ ਪਾਸੇ ਤੇ ਹਥੇਲੀ ਨਾਲ ਹੌਲੀ ਹੌਲੀ ਮਲੋ ਅਤੇ ਉਂਗਲਾਂ ਤੇ ਅੰਗੂਠੇ ਦੇ ਵਿਚਕਾਰ ਵਾਲੀ ਥਾਂ ਅਤੇ ਗੁੱਟਾਂ ਨੂੰ ਘੱਟੋ ਘੱਟ 40 ਸੈਕਿੰਡ ਲਈ ਸਾਬਣ ਨਾਲ ਧੋਇਆ ਜਾਵੇ। ਇਸਦੇ ਨਾਲ ਹੀ ਹਰ 2 ਘੰਟੇ ਬਾਅਦ ਹੱਥਾਂ ਨੂੰ ਧੋਣ ਦੀ ਸਿਫਾਰਸ਼ ਕੀਤੀ ਜਾਂਦੀ ਹੈ।

ਇਸੇ ਤਰ੍ਹਾਂ ਅਡਵਾਈਜ਼ਰੀ ਦੱਸਦੀ ਹੈ ਕਿ ਦੁਕਾਨਦਾਰਾਂ/ਵਰਕਰਾਂ ਅਤੇ ਗ੍ਰਾਹਕਾਂ ਲਈ ਦੁਕਾਨ ਵਿੱਚ ਪ੍ਰਵੇਸ਼ ਸਥਾਨ ਤੇ ਹੱਥ ਸਾਫ਼ ਕਰਨ ਲਈ ਅਲਕੋਹਲ ਯੁਕਤ ਹੈਂਡ ਸੈਨੀਟਾਈਜ਼ਰ (ਘੱਟੋ-ਘੱਟ 70 ਪ੍ਰਤੀਸ਼ਤ ਇਥਾਈਲ ਅਲਕੋਹਲ ਵਾਲਾ) ਦਾ ਪ੍ਰਬੰਧ ਕੀਤਾ ਜਾਵੇ। ਸਮੇਂ-ਸਮੇਂ ਤੇ ਸੈਨੀਟਾਈਜ਼ਰਾਂ ਨੂੰ ਰੀ-ਫਿਲ ਕੀਤਾ ਜਾਵੇ ਜਾਂ ਬਦਲਿਆ ਜਾਵੇ। ਘੱਟੋ-ਘੱਟ 3 ਐਮਐਲ ਸੈਨੀਟਾਈਜ਼ਰ (ਲਗਭਗ 2 ਵਾਰ ਦਬਾ ਕੇ ਕੱਢੋ) ਸੁੱਕੇ ਹੱਥਾਂ ਤੇ ਲਗਾਓ ਅਤੇ ਘੱਟੋ-ਘੱਟ 30 ਸੈਕਿੰਡ ਤੱਕ ਮਲ ਕੇ ਹੱਥ ਧੋਤੇ ਜਾਣ।

ਅਡਵਾਈਜ਼ਰੀ ਵਿੱਚ ਦਿੱਤੇ ਹੋਰ ਮਹੱਤਵਪੂਰਣ ਨੁਕਤਿਆਂ ਵਿਚ ਇਹ ਵੀ ਕਿਹਾ ਗਿਆ ਹੈ ਕਿ ਹਰੇਕ ਨੂੰ ਹੱਥ ਸਾਫ ਕਰਨੇ ਚਾਹੀਦੇ ਹਨ ਜਾਂ ਹੱਥ ਧੋਣੇ ਚਾਹੀਦੇ ਹਨ ਭਾਵੇਂ ਹੱਥ ਸਾਫ ਦਿਖਾਈ ਦੇ ਰਹੇ ਹੋਣ। ਹੱਥਾਂ ਨੂੰ ਜਾਂ ਤਾਂ ਸਵੱਛ ਬਣਾਇਆ ਜਾਣਾ ਚਾਹੀਦਾ ਹੈ ਜਾਂ ਸਾਬਣ ਨਾਲ ਧੋਣਾ ਚਾਹੀਦਾ ਹੈ। ਦੁਕਾਨਦਾਰ ਅਤੇ ਉਹਨਾਂ ਦੇ ਕਰਮਚਾਰੀਆਂ ਨੂੰ ਹਰ ਵੇਲੇ ਕੱਪੜੇ ਦਾ ਮਾਸਕ ਪਹਿਨਣਾ ਚਾਹੀਦਾ ਹੈ, ਮਤਲਬ (ਘਰੋਂ ਨਿਕਲਣ ਸਮੇਂ ਤੋਂ ਲੈ ਕੇ  ਦੁਬਾਰ ਘਰ ਵਿਚ ਦਾਖਲ ਹੋਣ ਤਕ)। ਮਾਸਕ ਨੂੰ ਇਸ ਢੰਗ ਨਾਲ ਪਹਿਨਿਆ ਜਾਣਾ ਚਾਹੀਦਾ ਹੈ ਕਿ ਇਹ ਨੱਕ ਦੇ ਨਾਲ ਨਾਲ ਮੂੰਹ ਨੂੰ ਪੂਰੀ ਤਰ੍ਹਾਂ ਢਕਿਆ ਹੋਵੇ।ਵਰਤੋਂ ਤੋਂ ਬਾਅਦ ਕੱਪੜੇ ਦੇ ਮਾਸਕ ਨੂੰ ਰੋਜ਼ ਸਾਬਣ ਅਤੇ ਪਾਣੀ ਨਾਲ ਧੋਣਾ ਚਾਹੀਦਾ ਹੈ।

ਦੁਕਾਨਦਾਰਾਂ ਅਤੇ ਉਨ੍ਹਾਂ ਦੇ ਵਰਕਰਾਂ ਨੂੰ ਇੱਕ ਦੂਜੇ ਨੂੰ ਵਧਾਈ ਦੇਣ ਲਈ  ਹੱਥ ਮਿਲਾਉਣ ਜਾਂ ਜੱਫੀ ਨਹੀਂ ਪਾਉਣੀ ਚਾਹੀਦੀ।

ਬੁਲਾਰੇ ਨੇ ਕਿਹਾ ਕਿ ਐਡਵਾਇਜ਼ਰੀ ਵਿੱਚ ਸਾਰਿਆਂ ਨੂੰ ਸਲਾਹ ਦਿੱਤੀ ਗਈ ਹੈ ਕਿ ਸਮਾਜਿਕ ਦੂਰੀ ਦੇ ਨਿਯਮਾਂ ਦੀ ਸਖਤੀ ਨਾਲ ਪਾਲਣਾ ਕੀਤੀ ਜਾਵੇ ਅਤੇ ਹਰ ਸਮੇਂ ਇੱਕ ਦੂਜੇ ਤੋਂ ਘੱਟੋ-ਘੱਟ 1 ਮੀਟਰ ਦੀ ਦੂਰੀ ਬਣਾ ਕੇ ਰੱਖੀ ਜਾਵੇ ।ਦੁਕਾਨਦਾਰ ਅਤੇ ਉਸਦੇ ਵਰਕਰਾਂ ਨੂੰ ਸਲਾਹ ਦਿੱਤੀ ਜਾਵੇ ਕਿ ਉਹ ਬਿਨਾਂ ਵਜਾ ਤੋਂ ਮਾਰਕਿਟ ਵਿੱਚ ਇਧਰ-ਉਧਰ ਨਾ ਘੁੰਮਣ ।ਦੁਕਾਨਦਾਰ ਅਤੇ ਉਸਦੇ ਵਰਕਰ ਚਾਹ ਤੇ ਲੰਚ ਦੌਰਾਨ ਕਿਸੇ ਵੀ ਖਾਣ-ਪੀਣ ਦੀ ਵਸਤੂ ਨੂੰ ਛੂਹਣ ਤੋਂ ਪਹਿਲਾਂ ਆਪਣੇ ਹੱਥਾਂ ਨੂੰ ਨਿਯਮਿਤ ਤਰੀਕੇ ਨਾਲ ਧੋਵੋ/ਸੈਨੀਟਾਈਜ਼ ਕਰੋ। ਇੱਕ-ਦੂਜੇ ਨਾਲ ਖਾਣਾ ਅਤੇ ਭਾਂਡਿਆਂ ਨੂੰ ਸਾਂਝਾ ਨਾ ਕੀਤਾ ਜਾਵੇ। ਦੁਕਾਨਦਾਰ ਅਤੇ ਉਸਦੇ ਵਰਕਰਾਂ ਵੱਲੋਂ ਦੁਕਾਨ/ਮਾਰਕਿਟ ਵਿੱਚ ਵਿੱਚ ਧੂਮਰਪਾਨ ਜਾਂ ਤੰਬਾਕੂ ਆਧਾਰਿਤ ਚੀਜ਼ਾਂ ਜਿਵੇਂ ਕਿ ਗੁਟਕਾ, ਪਾਨ ਮਸਾਲਾ ਆਦਿ ਦਾ ਸੇਵਨ ਨਾ ਕੀਤਾ ਜਾਵੇ। ਜੇਕਰ ਕਿਸੇ ਵੀ ਦੁਕਾਨਦਾਰ / ਵਰਕਰ ਨੂੰ ਖੰਘ/ਛਿੱਕਾਂ ਆ ਰਹੀਆਂ ਹਨ ਤਾਂ ਰੁਮਾਲ ਨਾਲ ਮੂੰਹ ਤੇ ਨੱਕ ਨੂੰ ਢੱਕਿਆ ਜਾਵੇ, ਜਿਸ ਨੂੰ ਆਪਣੀ ਜੇਬ/ਪਰਸ ਵਿੱਚ ਰੱਖਿਆ ਜਾਵੇ ਅਤੇ ਇਸ ਰੁਮਾਲ ਨੂੰ ਕਿਸੇ ਹੋਰ ਵਸਤੂ ਦੇ ਸੰਪਰਕ ਵਿੱਚ ਨਾ ਆਉਣ ਦਿੱਤਾ ਜਾਵੇ।ਜੇਕਰ ਦੁਕਾਨਦਾਰ / ਵਰਕਰ ਕੋਲ ਰੁਮਾਲ ਨਹੀਂ ਹੈ ਤਾਂ ਆਪਣੇ ਮੂੰਹ ਤੇ ਨੱਕ ਨੂੰ ਆਪਣੀ ਕੂਹਣੀ ਨਾਲ ਢਕੋ। ਉਪਰੋਕਤ ਦੋਵਾਂ ਮਾਮਲਿਆਂ ਵਿੱਚ ਆਪਣੇ ਹੱਥ ਜਾਂ ਖੰਘ/ਛਿੱਕਾਂ ਦੇ ਸੰਪਰਕ ਵਿੱਚ ਆਏ ਹੋਰ ਹਿੱਸਿਆਂ ਨੂੰ ਨਿਯਮਿਤ ਢੰਗ ਨਾਲ ਧੋਤਾ ਜਾਂ ਸੈਨੀਟਾਈਜ਼ ਕੀਤਾ ਜਾਵੇ।ਦੁਕਾਨਦਾਰ / ਵਰਕਰ ਆਪਣੇ ਚਿਹਰੇ, ਮੂੰਹ, ਨੱਕ, ਅੱਖਾਂ ਨੂੰ ਹੱਥਾਂ ਨਾਲ ਨਾ ਛੂਹੋ।ਖੁੱਲੇ ਵਿੱਚ ਨਾ ਥੁੱਕੋ ਅਤੇ ਜ਼ਰੂਰਤ ਪੈਣ ਤੇ ਦੁਕਾਨ / ਜਨਤਕ ਟਾਇਲਟ ਦੇ ਵਾਸ਼ਬੇਸਨ ਦੀ ਵਰਤੋਂ ਕਰੋ, ਜਿਸ ਨੂੰ ਬਾਅਦ ਵਿੱਚ ਨਿਯਮਿਤ ਢੰਗ ਨਾਲ ਸਾਫ ਕੀਤਾ ਜਾਵੇ।ਦੁਕਾਨਦਾਰ / ਵਰਕਰਾਂ ਵੱਲੋਂ ਕਿਸੇ ਵੀ ਪ੍ਰਕਾਰ ਦਾ ਕੋਈ ਵੀ ਜਨਤਕ, ਧਾਰਮਿਕ, ਰਾਜਨੀਤਿਕ ਆਦਿ ਇਕੱਠ ਨਾ ਕੀਤਾ ਜਾਵੇ। ਦੁਕਾਨਦਾਰ / ਵਰਕਰਾਂ ਵੱਲੋਂ ਬਿਨਾਂ ਕਿਸੇ ਪੁਖ਼ਤਾ ਜਾਣਕਾਰੀ ਤੋਂ ਕੋਵਿਡ-19 ਬਾਰੇ ਗੱਲਾਂ/ਅਫ਼ਵਾਹਾਂ ਨਾ ਫੈਲਾਈਆਂ ਜਾਣ। ਮੈਨੇਜਮੈਂਟ ਵੱਲੋਂ ਮੁਲਾਜਮਾਂ ਨੂੰ ਸਹੀ ਤੇ ਪੁਖ਼ਤਾ ਜਾਣਕਾਰੀ ਲਈ ਪੰਜਾਬ ਸਰਕਾਰ ਵੱਲੋਂ ਬਣਾਈ ਗਈ ਕੋਵਾ ਐਪ ਡਾਊਨਲੋਡ ਕਰਨ ਲਈ ਪ੍ਰੇਰਿਤ ਕੀਤਾ ਜਾਵੇ।

ਦੁਕਾਨਾਂ ਦੀ ਸਾਫ਼-ਸਫ਼ਾਈ ਲਈ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਅੰਦਰੂਨੀ ਸਥਾਨ ਨੂੰ ਰੋਜ਼ਾਨਾ ਸ਼ਾਮ ਵੇਲੇ ਦੁਕਾਨ ਨੂੰ ਵਧਾਉਣ/ਬੰਦ ਕਰਨ ਸਮੇਂ ਜਾਂ ਸਵੇਰੇ ਦੁਕਾਨ ਖੋਲਣ ਤੋਂ ਪਹਿਲਾਂ ਸਾਫ਼ ਕੀਤਾ ਜਾਵੇ। ਜੇਕਰ ਕੋਈ ਵੀ ਸਤਿਹ ਤੇ ਗੰਦਗੀ ਦਿਖਾਈ ਦਿੰਦੀ ਹੈ ਤਾਂ ਇਸ ਨੂੰ ਸਾਬਣ ਤੇ ਪਾਣੀ ਨਾਲ ਧੋਣ ਤੋਂ ਬਾਅਦ ਡਿਸਇਨਫੈਕਟ ਕੀਤਾ ਜਾਵੇ। ਵਰਕਰ/ਦੁਕਾਨਦਾਰ ਵੱਲੋਂ ਸਫ਼ਾਈ ਕਰਨ ਤੋਂ ਪਹਿਲਾਂ ਡਿਸਪੋਜ਼ੇਬਲ ਰਬੜ ਬੂਟ, ਦਸਤਾਨੇ (ਹੈਵੀ ਡਿਊਟੀ), ਮਾਸਕ ਪਹਿਨਿਆ ਜਾਵੇ।ਸਾਫ਼ ਸਥਾਨਾਂ ਤੋਂ ਸਫ਼ਾਈ ਸ਼ੁਰੂ ਕਰਕੇ ਜ਼ਿਆਦਾ ਗੰਦਗੀ ਵਾਲੇ ਖੇਤਰਾਂ ਵੱਲ ਨੂੰ ਸਫ਼ਾਈ ਕੀਤੀ ਜਾਵੇ।ਸਾਰੇ ਅੰਦਰੂਨੀ ਖੇਤਰ ਜਿਵੇਂ ਕਿ ਸ਼ੈਲਵਸ, ਰਾਹ, ਸਟੋਰੇਜ ਖੇਤਰ, ਗੋਦਾਮ, ਬੇਸਮੈਂਟ ਆਦਿ ਨੂੰ 1 ਪ੍ਰਤੀਸ਼ਤ ਸੋਡੀਅਮ ਹਾਈਪੋਕੋਲੋਰਾਈਟ ਨਾਲ ਜਾਂ ਮਾਰਕਿਟ ਵਿੱਚ ਉਪਲਬੱਧ ਇਸ ਬਰਾਬਰ ਦੇ ਹੋਰ ਸਫ਼ਾਈ ਪ੍ਰੋਡਕਟ ਨਾਲ ਡਿਸਇਨਫੈਕਟ ਕੀਤਾ ਜਾਵੇ।

ਜ਼ਿਆਦਾ ਛੂਹਣ ਵਾਲੀਆਂ ਵਸਤੂਆਂ ਜਿਵੇਂ ਕਿ ਪਬਲਿਕ ਕਾਉਂਟਰ, ਇੰਟਰਕਾਮ ਸਿਸਟਮ, ਟੈਲੀਫੋਨ, ਪ੍ਰਿੰਟਰ/ਸਕੈਨਰ ਅਤੇ ਹੋਰ ਮਸ਼ੀਨਾਂ, ਹੈਂਡਰੇਲ/ ਹੈਂਡਲ ਨੂੰ ਰੋਜ਼ਾਨਾ 2 ਵਾਰ ਸੋਡੀਅਮ ਹਾਈਪੋਕੋਲੋਰਾਈਟ ਸੋਲਿਉਸ਼ਨ (1 ਪ੍ਰਤੀਸ਼ਤ ) ਦੇ ਗਿੱਲੇ ਕੱਪੜੇ ਨਾਲ ਸਾਫ਼ ਕੀਤਾ ਜਾਵੇ। ਆਮ ਤੌਰ ਤੇ ਛੂਹੀਆਂ ਜਾਣ ਵਾਲੀਆਂ ਜਿਵੇਂ ਕਿ ਮੇਜ਼ ਦੀ ਉਪਰਲੀ ਸਤਿਹ, ਕੁਰਸੀਆਂ ਦੇ ਹੈਂਡਲ, ਪੈਨ, ਡਾਇਰੀ, ਫਾਈਲਾਂ, ਕੀ-ਬੋਰਡ, ਮਾਊਸ, ਮਾਊਸ ਪੈਡ, ਚਾਹ ਕਾਫੀ ਵਾਲੀ ਮਸ਼ੀਨ ਆਦਿ ਦੀ ਖ਼ਾਸ ਤੌਰ ਤੇ ਸਫ਼ਾਈ ਕੀਤੀ ਜਾਵੇ।ਧਾਤੂ ਦੀਆਂ ਵਸਤੂਆਂ ਜਿਵੇਂ ਕਿ ਦਰਵਾਜ਼ਿਆਂ ਦੇ ਹੈਂਡਲ, ਸਿਕਉਰਿਟੀ ਲੋਕ (ਜ਼ਿੰਦਰੇ), ਚਾਬੀਆਂ ਆਦਿ ਨੂੰ ਸਾਫ਼ ਕੀਤਾ ਜਾਵੇ। ਜੋ ਚੀਜ਼ਾਂ/ਸਤਿਹਾਂ ਨੂੰ ਬਲੀਚ ਪਾਊਡਰ ਨਾਲ ਸਾਫ਼ ਨਹੀਂ ਕੀਤਾ ਜਾ ਸਕਦਾ, ਉਨਾਂ ਨੂੰ 70 ਪ੍ਰਤੀਸ਼ਤ ਅਲਕੋਹਲ ਵਾਲੇ ਸੈਨੀਟਾਈਜ਼ਰ/ਪ੍ਰੋਡਕਟ ਨਾਲ ਸਾਫ਼ ਕੀਤਾ ਜਾਵੇ।ਸਾਫ਼-ਸਫ਼ਾਈ ਲਈ ਵਰਤੇ ਗਏ ਸਮਾਨ ਨੂੰ ਵੀ ਇਸਤੇਮਾਲ ਤੋਂ ਬਾਅਦ ਸੁਰੱਖਿਅਤ ਢੰਗ ਨਾਲ ਸਾਫ਼ ਕਰੋ।ਸਫਾਈ ਦੌਰਾਨ ਸੁਰੱਖਿਆ ਲਈ ਪਹਿਨੇ ਗਏ ਪ੍ਰੋਟੈਕਟਿਵ ਗਿਅਰ ਨੂੰ ਨਿਯਮਿਤ ਢੰਗ ਨਾਲ ਨਸ਼ਟ ਕੀਤਾ ਜਾਵੇ।ਇਸਦੇ ਨਾਲ ਹੀ ਸਾਰੇ ਵਰਕਰਾਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਕੰਮ ਕਰਨ ਦੇ ਸਥਾਨ ਨੂੰ ਡਿਸਇਨਫੈਕਟਿੰਗ ਵਾਈਪ ਜਾਂ ਕੱਪੜੇ ਨਾਲ ਸਾਫ਼ ਕਰਨ ਅਤੇ ਇੱਕ ਦੂਜੇ ਤੋਂ ਇੱਕ ਸੀਟ ਛੱਡ ਕੇ ਬੈਠਣ, ਜੇਕਰ ਸੰਭਵ ਹੋਵੇ ਤਾਂ 2 ਸੀਟਾਂ

ਛੱਡ ਕੇ ਬੈਠਣ।ਇਸੇ ਤਰ੍ਹਾਂ ਐਡਵਾਇਜ਼ਰੀ ਵਿੱਚ ਕਿਹਾ ਗਿਆ ਹੈ ਕਿ ਅੰਦਰੂਨੀ ਖੇਤਰ ਦੇ ਮੁਕਾਬਲੇ ਬਾਹਰੀ ਖੇਤਰਾਂ ਵਿੱਚ ਹਵਾ ਦੇ ਵਹਾਅ ਅਤੇ ਧੁੱਪ ਦੇ ਕਾਰਣ ਖ਼ਤਰਾ ਘੱਟ ਹੈ। ਇਨਾਂ ਖੇਤਰਾਂ ਦੀ ਸਾਫ਼ ਸਫ਼ਾਈ ਅਤੇ ਡਿਸਇਨਫੈਕਸ਼ਨ ਪ੍ਰਕ੍ਰਿਆ ਦੌਰਾਨ ਜ਼ਿਆਦਾ ਛੂਹੀਆਂ ਜਾਣ ਵਾਲੀਆਂ/ਸੰਕ੍ਰਮਿਤ ਵਸਤੂਆਂ ਦੀ ਸਫ਼ਾਈ ਉਪਰੋਕਤ ਦਰਸਾਏ ਅਨੁਸਾਰ ਧਿਆਨ ਨਾਲ ਕੀਤੀ ਜਾਵੇ।

ਜਨਤਕ ਪਖ਼ਾਨਿਆਂ ਦੀ ਸਾਫ਼-ਸਫ਼ਾਈ ਸਬੰਧੀ ਇਹ ਸਲਾਹ ਦਿੱਤੀ ਜਾਂਦੀ ਹੈ ਕਿ ਸਫ਼ਾਈ ਕਰਮਚਾਰੀਆਂ ਵੱਲੋਂ ਹਰ ਪਖਾਨੇ ਦੀ ਸਫ਼ਾਈ ਲਈ ਵੱਖਰੇ ਸਮਾਨ ਦੀ ਵਰਤੋਂ ਕੀਤੀ ਜਾਵੇ (ਜਿਵੇਂ ਕਿ ਪੋਚੇ, ਝਾੜੂ, ਨਾਈਲੋਨ ਸਕਰਬਰ ਆਦਿ) ਅਤੇ ਸਿੰਕ ਅਤੇ ਕਮੋਡ ਆਦਿ ਦੀ ਸਫ਼ਾਈ ਲਈ ਸਮਾਨ ਦੇ ਵੱਖਰੇ ਸੈੱਟ ਦੀ ਵਰਤੋਂ ਕੀਤੀ ਜਾਵੇ। ਪਖਾਨੇ ਦੀ ਸਫ਼ਾਈ ਕਰਨ ਦੌਰਾਨ ਸਫ਼ਾਈ ਕਰਮਚਾਰੀਆਂ ਵੱਲੋਂ ਹੱਥਾਂ ਤੇ ਡਿਸਪੋਜ਼ੇਬਲ ਦਸਤਾਨੇ ਪਹਿਨੇ ਜਾਣ। ਪਖਾਨਿਆਂ ਦੇ ਸਿੰਕ, ਕਮੋਡ, ਟੂਟੀਆਂ ਆਦਿ ਨੂੰ ਸਾਬਣ ਤੇ ਪਾਣੀ ਨਾਲ ਚੰਗੀ ਤਰਾਂ ਧੋਵੋ ਅਤੇ ਉਸਤੋਂ ਬਾਅਦ ਸੋਡੀਅਮ ਹਾਈਪੋਕਲੋਰਾਈਟ (1 ਪ੍ਰਤੀਸ਼ਤ) ਜਾਂ ਮਾਰਕਿਟ ਵਿੱਚ ਉਪਲਬੱਧ ਇਸ ਬਰਾਬਰ ਦੇ ਹੋਰ ਸਫ਼ਾਈ ਪ੍ਰੋਡਕਟ ਨਾਲ ਡਿਸਇਨਫੈਕਟ ਕੀਤਾ ਜਾਵੇ।

ਐਡਵਾਇਜ਼ਰੀ ਵਿੱਚ ਦਿੱਤੇ ਗਏ ਵਿਸ਼ੇਸ਼ ਦਿਸ਼ਾ-ਨਿਰਦੇਸ਼ਾਂ ਵਿੱਚ ਕਿਹਾ ਗਿਆ ਹੈ ਕਿ ਦੁਕਾਨਦਾਰ ਵੱਲੋਂ ਗ੍ਰਾਹਕਾਂ ਨੂੰ ਖ਼ਾਸ ਤੌਰ ਤੇ ਪੁਰਾਣੇ ਗ੍ਰਾਹਕਾਂ ਨੂੰ ਹੋਮ ਡਿਲੀਵਰੀ ਕਰਨ ਨੂੰ ਪ੍ਰਮੁੱਖਤਾ ਦਿੱਤੀ ਜਾਵੇ। ਦੁਕਾਨਦਾਰ ਵੱਲੋਂ ਗ੍ਰਾਹਕਾਂ ਵਿਚਕਾਰ ਘੱਟੋ-ਘੱਟ 1 ਮੀਟਰ ਦੀ ਦੂਰੀ ਯਕੀਨੀ ਬਣਾਈ ਜਾਵੇ ਅਤੇ ਦੁਕਾਨ ਦੇ ਬਾਹਰ ਗ੍ਰਾਹਕਾਂ ਵਿਚਕਾਰ ਘੱਟੋ-ਘੱਟ 1 ਮੀਟਰ ਦੂਰੀ ਬਣਾਏ ਰੱਖਣ ਲਈ ਜਗਾ ਦੀ ਨਿਸ਼ਾਨਦੇਹੀ ਕੀਤੀ ਜਾਵੇ।ਦੁਕਾਨਦਾਰ ਯਕੀਨੀ ਬਣਾਉਣ ਕਿ ਸਾਰੇ ਗ੍ਰਾਹਕਾਂ ਨੇ ਸਹੀ ਢੰਗ ਨਾਲ ਮਾਸਕ ਪਹਿਨਿਆ ਹੋਵੇ। ਦੁਕਾਨ ਵਿੱਚ ਆਉਣ ਵਾਲੇ ਸਾਰੇ ਗ੍ਰਾਹਕਾਂ ਨੂੰ ਪ੍ਰੇਰਿਤ ਕੀਤਾ ਜਾਵੇ ਕਿ ਉਹ ਆਮ ਸਲਾਹਾਂ ਵਿੱਚ ਲੜੀ ਨੰਬਰ 5 ਤੇ ਦੱਸੇ ਅਨੁਸਾਰ ਹੱਥਾਂ ਨੂੰ ਨਿਯਮਿਤ ਤਰੀਕੇ ਨਾਲ ਸੈਨੀਟਾਈਜ਼ ਕਰਨ। ਇਸੇ ਤਰਾਂ ਦੁਕਾਨ ਛੱਡਣ ਸਮੇਂ ਗ੍ਰਾਹਕਾਂ ਨੂੰ ਹੱਥਾਂ ਨੂੰ ਸੈਨੀਟਾਈਜ਼ ਕਰਨ ਲਈ ਪ੍ਰੇਰਿਤ ਕੀਤਾ ਜਾਵੇ। ਗ੍ਰਾਹਕ ਨੂੰ ਸਲਾਹ ਦਿੱਤੀ ਜਾਵੇ ਕਿ ਉਨਾਂ ਨੇ ਡਿਸਪਲੇਅ ਕੀਤੀ ਜਾਂ ਉਥੇ ਰੱਖੀ ਜਿਸ ਚੀਜ਼ ਨੂੰ ਨਹੀਂ ਖਰੀਦਣਾ ਉਸਨੂੰ ਹੱਥ ਲਗਾਉਣ ਤੋਂ ਪਰਹੇਜ਼ ਕੀਤਾ ਜਾਵੇ। ਦੁਕਾਨਦਾਰ ਵੱਲੋਂ ਗ੍ਰਾਹਕਾਂ ਨੂੰ ਸਮਾਨ ਦੀ ਪਰਚੀ ਲਿਖ ਕੇ ਦੇਣ ਲਈ ਪ੍ਰੇਰਿਤ ਕੀਤਾ ਜਾਵੇ, ਜਿਸਨੂੰ ਕਾਉਂਟਰ ਤੇ ਰੱਖ ਕੇ ਦੁਕਾਨਦਾਰ ਜਾਂ ਉਸਦੇ ਵਰਕਰਾਂ ਵੱਲੋਂ ਉਥੇ ਹੀ ਸਮਾਨ ਦੀ ਸਪਲਾਈ ਦਿੱਤੀ ਜਾਵੇ। ਦੁਕਾਨਦਾਰਾਂ ਵੱਲੋਂ ਆਪਣੇ ਗ੍ਰਾਹਕਾਂ ਨੂੰ ਡਿਜੀਟਲ ਟ੍ਰਾਂਸੈਕਸ਼ਨ ਲਈ ਪ੍ਰੇਰਿਤ ਕੀਤਾ ਜਾਵੇ। ਦੁਕਾਨਦਾਰ ਅਤੇ ਉਸਦੇ ਵਰਕਰਾਂ ਅਤੇ ਗ੍ਰਾਹਕਾਂ ਵੱਲੋਂ ਕਰੰਸੀ ਨੋਟਾਂ ਦੇ ਲੈਣ-ਦੇਣ ਤਾਂ ਤੁਰੰਤ ਬਾਅਦ ਹੱਥਾਂ ਨੂੰ ਸੈਨੀਟਾਈਜ਼ ਕੀਤਾ ਜਾਵੇ। ਦੁਕਾਨਦਾਰ ਵੱਲੋਂ ਗ੍ਰਾਹਕਾਂ ਨੂੰ ਸਮਾਨ ਲਿਜਾਉਣ ਲਈ ਆਪਣੇ ਘਰ ਤੋਂ ਹੀ ਕੱਪੜੇ ਦਾ ਥੈਲਾ ਲੈ ਕੇ ਆਉਣ ਲਈ ਪ੍ਰੇਰਿਤ ਕੀਤਾ ਜਾਵੇ। ਇਸ ਕੱਪੜੇ ਦੇ ਥੈਲੇ ਨੂੰ ਬਾਅਦ ਵਿੱਚ ਕੋਸੇ ਪਾਣੀ ਅਤੇ ਸਾਬਣ/ਡਿਟਰਜੈਂਟ ਨਾਲ ਧੋਤਾ ਜਾਵੇ।

ਦੁਕਾਨਾਂ ਵਿੱਚ ਏਅਰ ਕੰਡੀਸ਼ਨਿੰਗ/ ਕੂਲਰ ਦੀ ਵਰਤੋਂ ਸਬੰਧੀ ਐਡਵਾਇਜ਼ਰੀ ਵਿੱਚ ਕਿਹਾ ਗਿਆ ਹੇ ਕਿ ਕੰਮ ਵਾਲੀਆਂ ਥਾਵਾਂ ਤੇ ਕੁਦਰਤੀ ਹਵਾ ਨੂੰ ਪ੍ਰਮੁੱਖਤਾ ਦਿੱਤੀ ਜਾਵੇ।ਹਵਾ ਦੇ ਵਹਾਅ (ਵੈਂਟੀਲੇਸ਼ਨ) ਨੂੰ ਵਧਾਉਣ ਦੇ ਲਈ ਦੁਕਾਨਾਂ ਦੇ ਅੰਦਰ ਨਿਕਾਸੀ ਪੱਖੇ (ਐਗਜਾਸਟਫੈਨ) ਲਗਾਏ ਜਾ ਸਕਦੇ ਹਨ।

ਐਡਵਾਇਜ਼ਰੀ ਵਿੱਚ ਕਿਹਾ ਗਿਆ ਹੈ ਕਿ ਜੇਕਰ ਕੋਈ ਦੁਕਾਨਦਾਰ / ਵਰਕਰ ਕੋਵਿਡ-19 ਦਾ ਇਲਾਜ ਕਰਵਾ ਰਿਹਾ ਹੈ ਜਾਂ ਪੁਸ਼ਟੀ ਹੋਈ ਹੈ ਅਤੇ ਤੁਸੀਂ ਉਸਦੇ ਸੰਪਰਕ ਵਿੱਚ ਆਏ ਹੋ ਤਾਂ ਘਬਰਾਉਣ ਦੀ ਕੋਈ ਜ਼ਰੂਰਤ ਨਹੀਂ ਹੈ। ਇਸ ਦੇ ਸਬੰਧ ਵਿੱਚ ਹੈਲਪਲਾਈਨ ਨੰਬਰ 104 ਜਾਂ ਸਟੇਟ ਕੰਟਰੋਲ ਰੂਮ ਨੰਬਰ 0172-2920074 / 08872090029 ’ਤੇ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ’ਤੇ ਕਾਲ ਕਰਕੇ ਸੰਪਰਕ ਵਿੱਚ ਆਉਣ ਦੀ ਪੂਰੀ ਜਾਣਕਾਰੀ ਦਿੱਤੀ ਜਾਵੇ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ

ਬਰਨਾਲਾ ਪ੍ਰਸ਼ਾਸਨ ਵੱਲੋਂ ਨਾਂਦੇੜ ਸਾਹਿਬ ਤੋਂ ਪਰਤਣ ਵਾਲਿਆਂ ਲਈ ਦੋ ਵਿਸ਼ੇਸ਼ ਏਕਾਂਤਵਾਸ ਕੇਂਦਰਾਂ ਦਾ ਪ੍ਰਬੰਧ: ਡਿਪਟੀ ਕਮਿਸ਼ਨਰ
* ਸੰਘੇੜਾ ਅਤੇ ਮਾਲਵਾ ਕਾਲਜ ਵਿਖੇ 90 ਤੋਂ ਵੱਧ ਵਿਅਕਤੀਆਂ ਲਈ 120 ਬੈੱਡਾਂ ਦਾ ਪ੍ਰਬੰਧ
* ਸ਼ਰਧਾਲੂਆਂ ਦੇ ਖਾਣ-ਪੀਣ ਤੇ ਸਮਾਜਿਕ ਦੂਰੀ ਦਾ ਰੱਖਿਆ ਜਾ ਰਿਹੈ ਵਿਸ਼ੇਸ਼ ਧਿਆਨ
* ਸੰਘੇੜਾ ਕਾਲਜ ਵਿਚ ਬਾਥਰੂਮਾਂ ਦੇ ਨਾਲ ਨਾਲ 10 ਮੋਬਾਈਲ ਪਖਾਨੇ ਵੀ ਮੁਹੱਈਆ ਕਰਾਏ
* 24 ਘੰਟੇ ਤਿੰਨ ਸ਼ਿਫਟਾਂ ਵਿਚ ਤਾਇਨਾਤ ਅਮਲਾ, ਸਿਹਤ ਟੀਮ ਵੱਲੋਂ ਰੋਜ਼ਾਨਾ ਪੱਧਰ ’ਤੇ ਚੈਕਅਪ

ਬਰਨਾਲਾ, 2 ਮਈ
ਜ਼ਿਲ੍ਹਾ ਬਰਨਾਲਾ ਵਿਚ ਨਾਂਦੇੜ ਸਾਹਿਬ ਤੋਂ ਪਰਤੇ 90 ਤੋਂ ਵੱਧ ਵਿਅਕਤੀਆਂ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਦੋ ਵਿਸ਼ੇਸ਼ ਏਕਾਂਤਵਾਸ ਕੇਂਦਰਾਂ ਦਾ ਪ੍ਰਬੰਧ ਕੀਤਾ ਗਿਆ ਹੈ, ਜਿਨ੍ਹਾਂ ਵਿਚ ਪੁਖਤਾ ਸਹੂਲਤਾਂ ਯਕੀਨੀ ਬਣਾਈਆਂ ਗਈਆਂ ਹਨ।
ਇਹ ਜਾਣਕਾਰੀ ਦਿੰਦੇ ਹੋਏ ਡਿਪਟੀ ਕਮਿਸ਼ਨਰ ਬਰਨਾਲਾ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਦੱਸਿਆ ਕਿ ਇਕ ਏਕਾਂਤਵਾਸ ਕੇਂਦਰ ਗੁਰੂ ਗੋਬਿੰਦ ਸਿੰਘ ਕਾਲਜ, ਸੰਘੇੜਾ ਵਿਖੇ ਬਣਾਇਆ ਗਿਆ ਹੈ, ਜਿੱਥੇ 60 ਬੈੱਡਾਂ ਦਾ ਪ੍ਰਬੰਧ ਕੀਤਾ ਗਿਆ ਹੈ। ਇਸ ਕੇਂਦਰ ਵਿਚ 58 ਵਿਅਕਤੀ ਏਕਾਂਤਵਾਸ ਕੀਤੇ ਹਨ, ਜਿਨ੍ਹਾਂ ਦੀ ਟੈਸਟਿੰਗ ਹੋ ਚੁੱਕੀ ਹੈ। ਇਨ੍ਹਾਂ ਵਿਚ ਬੱਸਾਂ ਦੇ 4 ਡਰਾਈਵਰ ਅਤੇ 2 ਕੰਡਕਟਰ ਵੀ ਹਨ ਅਤੇ 9 ਮਹਿਲਾਵਾਂ ਅਤੇ 2 ਬੱਚੀਆਂ ਵੀ ਹਨ।
ਉਨ੍ਹਾਂ ਦੱਸਿਆ ਕਿ ਏਕਾਂਤਵਾਸ ਕੇਂਦਰ ਵਿਚ ਰਚਨਾਤਮਕਤ ਤੇ ਸੁਖਾਵਾਂ ਮਾਹੌਲ ਮੁਹੱਈਆ ਕਰਾਇਆ ਗਿਆ ਹੈ ਤੇ ਇਨ੍ਹਾਂ ਥਾਵਾਂ ਦੀ ਚੋਣ ਬਹੁਤ ਸੂਝ-ਬੂਝ ਨਾਲ ਕੀਤੀ ਗਈ ਹੈ। ਸੰਘੇੜਾ ਕਾਲਜ ਵਿਚ ਹਾਲ ਕਮਰੇ ਹਨ, ਜਿਨ੍ਹਾਂ ਵਿਚ ਸਮਾਜਿਕ ਦੂਰੀ ਦਾ ਖਿਆਲ ਰੱਖਦੇ ਹੋਏ 5-5 ਬੈੱਡ ਲਾਏ ਗਏ ਹਨ। ਉਨ੍ਹਾਂ ਦੱਸਿਆ ਕਿ ਸਵੇਰੇ 6 ਵਜੇ ਚਾਹ, 8 ਵਜੇ ਸਵੇਰ ਦਾ ਨਾਸ਼ਤਾ, ਦੁਪਹਿਰ ਦਾ ਖਾਣਾ, 4 ਵਜੇ ਚਾਹ ਅਤੇ ਹੋਰ ਸਮੱਗਰੀ ਤੇ ਫਿਰ ਰਾਤ ਦਾ ਖਾਣਾ ਦਿੱਤਾ ਜਾਂਦਾ ਹੈ। ਇਸ ਤੋਂ ਇਲਾਵਾ ਬੱਚਿਆਂ ਲਈ ਬਿਸਕੁਟ ਤੇ ਹੋਰ ਖਾਣ ਦਾ ਸਾਮਾਨ, ਦੁੱਧ ਦਾਨੀ ਸੱਜਣਾਂ ਦੀ ਮਦਦ ਨਾਲ ਮੁਹੱਈਆ ਕਰਾਇਆ ਗਿਆ ਹੈ। ਬੱਚਿਆਂ ਦੀਆਂ ਰਚਨਾਤਮਕ ਕਿਰਿਆਵਾਂ ਲਈ ਉਨ੍ਹਾਂ ਨੂੰ ਡਰਾਇੰਗ ਕਿਤਾਬਾਂ ਤੇ ਹੋਰ ਸਾਮਾਨ ਮੁਹੱਈਆ ਦਿੱਤਾ ਗਿਆ ਹੈ ਤਾਂ ਜੋ ਉਨ੍ਹਾਂ ਦਾ ਸਮਾਂ ਉਸਾਰੂ ਲੰਘੇ।
ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਦੀ ਟੀਮ ਵੱਲੋਂ ਸ਼ਰਧਾਲੂਆਂ ਦਾ ਰੋਜ਼ਾਨਾ ਨਿਰੀਖਣ ਕੀਤਾ ਜਾਂਦਾ ਹੈ। ਸਾਫ-ਸਫਾਈ ਦਾ ਵੀ ਖਾਸ ਖਿਆਲ ਰੱਖਿਆ ਜਾ ਰਿਹਾ ਹੈ। ਇਸ ਤੋਂ ਇਲਾਵਾ ਨਗਰ ਕੌਂਸਲ ਅਮਲਾ ਤਿੰਨ ਸ਼ਿਫਟਾਂ ਵਿਚ 24 ਘੰਟੇ ਤਾਇਨਾਤ ਰਹਿੰਦਾ ਹੈ ਅਤੇ ਸਵੇਰੇ 7 ਤੋਂ ਸ਼ਾਮ 7 ਵਜੇ ਤੱਕ ਮਹਿਲਾ ਸਟਾਫ ਦੀ ਡਿਊਟੀ ਵੀ ਲਾਈ ਗਈ ਹੈ ਤਾਂ ਜੋ ਮਹਿਲਾ ਸ਼ਰਧਾਲੂਆਂ ਨੂੰ ਕੋਈ ਮੁਸ਼ਕਲ ਪੇਸ਼ ਨਾ ਆਵੇ। ਮਹਿਲਾ ਸ਼ਰਧਾਲੂਆਂ ਨੂੰ ਸੈਨੇਟਰੀ ਪੈਡ ਤੇ ਹੋਰ ਲੋੜੀਂਦਾ ਸਾਮਾਨ ਵੀ ਸਮੇਂ ਸਮੇਂ ’ਤੇ ਮੁਹੱਈਆ ਕਰਾਇਆ ਜਾਂਦਾ ਹੈ। ਇਸ ਤੋਂ ਇਲਾਵਾ ਸ਼ਰਧਾਲੂਆਂ ਲਈ 3 ਪੱਕੇ ਬਾਥਰੂਮ ਅਤੇ 10 ਮੋਬਾਈਲ ਪਖਾਨਿਆਂ ਦਾ ਪ੍ਰਬੰਧ ਕੀਤਾ ਗਿਆ ਹੈ। ਸ਼ਰਧਾਲੂਆਂ ਲਈ ਹੱਥ ਧੋਣ ਦੇ ਪ੍ਰਬੰਧਾਂ ਤੋਂ ਇਲਾਵਾ ਮਾਸਕਾਂ, ਸੈਨੇਟਾਈਜ਼ਰਾਂ ਤੇ ਰੋਜ਼ਾਨਾ ਪੱਧਰ ’ਤੇ ਸੈਨੇਟਾਈਜ਼ੇਸ਼ਨ ਦਾ ਪ੍ਰਬੰਧ ਹੈ।
ਇਸੇ ਤਰ੍ਹਾਂ ਮਾਲਵਾ ਕਾਲਜ ਆਫ ਨਰਸਿੰਗ ਮਹਿਲ ਕਲਾਂ ਨੂੰ ਵੀ ਸ਼ਰਧਾਲੂਆਂ ਲਈ ਏਕਾਂਤਵਾਸ ਕੇਂਦਰ ਬਣਾਇਆ ਗਿਆ ਹੈ। ਇਸ ਕੇਦਰ ਵਿਚ ਵੀ 60 ਬੈੱਡਾਂ ਦਾ ਪ੍ਰਬੰਧ ਹੈ, ਜਿੱਥੇ 41 ਸ਼ਰਧਾਲੂ ਇਸ ਵੇਲੇ ਏਕਾਂਤਵਾਸ ਕੀਤੇ ਹੋਏ ਹਨ, ਜਿਨ੍ਹਾਂ ਲਈ ਪੱਕੇ ਬਾਥਰੂਮ, ਪਖਾਨੇ ਤੇ ਹੋਰ ਸਾਰੀਆਂ ਲੋੜੀਂਦੀਆਂ ਸਹੂਲਤਾਂ ਮੁਹੱਈਆ ਕਰਾਈਆਂ ਗਈਆਂ ਹਨ।
ਇਸ ਦੌਰਾਨ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਵੱਲੋਂ ਅੱਜ ਗੁਰੂ ਗੋਬਿੰਦ ਸਿੰਘ ਕਾਲਜ, ਸੰਘੇੜਾ ਵਿਖੇ ਬਣਾਏ ਏਕਾਂਤਵਾਸ ਕੇਂਦਰ ਦਾ ਦੌਰਾ ਕੀਤਾ ਗਿਆ। ਉਨ੍ਹਾਂ ਏਕਾਂਤਵਾਸ ਕੀਤੇ ਵਿਅਕਤੀਆਂ ਨਾਲ ਗੱਲਬਾਤ ਕੀਤੀ ਅਤੇ ਯਕੀਨ ਦਿਵਾਇਆ ਕਿ ਉਨ੍ਹਾਂ ਨੂੰ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਡਿਊਟੀ ’ਤੇ ਤਾਇਨਾਤ ਅਧਿਕਾਰੀਆਂ ਨੂੰ ਹਰ ਲੋੜੀਂਦੀ ਸਹੂਲਤ ਦਾ ਖਿਆਲ ਰੱਖਣ ਲਈ ਆਖਿਆ।

ਕੈਪਸ਼ਨ: ਗੁਰੂ ਗੋਬਿੰਦ ਸਿੰਘ ਕਾਲਜ ਸੰਘੇੜਾ ਵਿਖੇ ਬਣੇ ਏਕਾਂਤਵਾਸ ਕੇਂਦਰ ਦੀਆਂ ਤਸਵੀਰਾਂ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਬਰਨਾਲਾ
ਬਾਹਰਲੇ ਸੂਬਿਆਂ ਤੋਂ ਆਉਣ ਵਾਲੇ ਆਪਣੀ ਜਾਣਕਾਰੀ ਜ਼ਿਲ੍ਹਾ ਪ੍ਰਸ਼ਾਸਨ ਨੂੰ ਦੇਣ: ਡਿਪਟੀ ਕਮਿਸ਼ਨਰ
* ਕਰੋਨਾ ਵਾਇਰਸ ਤੋਂ ਬਚਾਅ ਲਈ ਅਜਿਹੀ ਜਾਣਕਾਰੀ ਸਾਂਝੀ ਕਰਨਾ ਲਾਜ਼ਮੀ
* ਪਿੰਡਾਂ/ਸ਼ਹਿਰਾਂ ਦੇ ਮੋਹਤਬਰ ਅਜਿਹੇ ਵਿਅਕਤੀਆਂ ਬਾਰੇ ਪ੍ਰਸ਼ਾਸਨ ਨਾਲ ਕਰਨ ਰਾਬਤਾ
* ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ਨੰਬਰਾਂ **01679-230032, 99152-74032** ਜਾਂ **75280-34032** ’ਤੇ ਦਿੱਤੀ ਜਾ ਸਕਦੀ ਹੈ ਸੂਚਨਾ

ਬਰਨਾਲਾ, **2** ਮਈ
ਕਰੋਨਾ ਵਾਇਰਸ ਦੇ ਸੰਕਟ ਦੌਰਾਨ ਬਾਹਰਲੇ ਸੂਬਿਆਂ ਤੋਂ ਪਰਤਣ ਵਾਲੇ ਜ਼ਿਲ੍ਹਾ ਬਰਨਾਲਾ ਨਾਲ ਸਬੰਧਤ ਲੋਕ ਜ਼ਿਲ੍ਹਾ ਪ੍ਰਸ਼ਾਸਨ ਨੂੰ ਆਪਣੀ ਜਾਣਕਾਰੀ ਲਾਜ਼ਮੀ ਦੇਣ।
ਇਹ ਪ੍ਰਗਟਾਵਾ ਕਰਦੇ ਹੋਏ ਡਿਪਟੀ ਕਮਿਸ਼ਨਰ ਸ੍ਰੀ ਤੇਜ ਪ੍ਰਤਾਪ ਸਿੰਘ ਫੂਲਕਾ ਨੇ ਆਖਿਆ ਕਿ ਕਰੋਨਾ ਵਾਇਰਸ ਮਹਾਮਾਰੀ ਕਾਰਨ ਸੂਬੇ ਵਿਚ ਲਗਾਤਾਰ ਕੇਸ ਵਧ ਰਹੇ ਹਨ। ਜ਼ਿਲ੍ਹਾ ਪ੍ਰਸ਼ਾਸਨ ਬਰਨਾਲਾ ਵੀ ਕੋਵਿਡ **19** ਤੋਂ ਬਚਾਅ ਲਈ ਹਰ ਸੰਭਵ ਕੋਸ਼ਿਸ਼ ਕਰ ਰਿਹਾ ਹੈ, ਪਰ ਜ਼ਿਲ੍ਹੇ ਦੇ ਨਾਗਰਿਕ ਵੀ ਆਪਣਾ ਬਣਦਾ ਫਰਜ਼ ਨਿਭਾਉਣ। ਇਸ ਲਈ ਪਿਛਲੇ ਦਿਨੀਂ ਜੋ ਸ਼ਰਧਾਲੂ, ਕੰਬਾਇਨਾਂ ਵਾਲੇ ਜਾਂ ਹੋਰ ਵਿਅਕਤੀ ਬਾਹਰਲੇ ਸੂਬਿਆਂ ਤੋਂ ਆਏ ਹਨ, ਉਹ ਪਹਿਲ ਦੇ ਆਧਾਰ ’ਤੇ ਜ਼ਿਲ੍ਹਾ ਪ੍ਰਸ਼ਾਸਨ ਨਾਲ ਰਾਬਤਾ ਬਣਾਉਣ ਅਤੇ ਆਪਣੇ ਬਾਰੇ ਜਾਣਕਾਰੀ ਦੇਣ ਤਾਂ ਜੋ ਸਿਹਤ ਵਿÎਭਾਗ ਵੱਲੋਂ ਉਨ੍ਹਾਂ ਦੀ ਸਿਹਤ ਜਾਂਚ ਕੀਤੀ ਜਾ ਸਕੇ। ਉਨ੍ਹਾਂ ਆਖਿਆ ਕਿ ਅਜਿਹੀ ਜਾਣਕਾਰੀ ਲੁਕਾਉਣ ਨਾਲ ਉਸ ਵਿਅਕਤੀ ਦਾ ਆਪਣਾ ਹੀ ਨਹੀਂ, ਬਲਕਿ ਪੂਰੇ ਪਰਿਵਾਰ ਤੇ ਹੋਰ ਕਈ ਵਿਅਕਤੀਆਂ ਦਾ ਨੁਕਸਾਨ ਹੋ ਸਕਦਾ ਹੈ। ਇਸ ਲਈ ਬਾਹਰੋਂ ਆਉਣ ਵਾਲੇ ਬਿਨਾਂ ਕਿਸੇ ਡਰ ਜਾਂ ਝਿਜਕ ਤੋਂ ਜ਼ਿਲ੍ਹਾ ਪ੍ਰਸ਼ਾਸਨ ਨੂੰ ਸੂਚਿਤ ਕਰਨ ਤਾਂ ਜੋ ਜ਼ਿਲ੍ਹਾ ਪ੍ਰਸ਼ਾਸਨ ਉਨ੍ਹਾਂ ਦੀ ਸਿਹਤਯਾਬੀ ਲਈ ਢੁਕਵੇਂ ਕਦਮ ਚੁੱਕੇ ਸਕੇ।
ਉਨ੍ਹਾਂ ਸ਼ਹਿਰਾਂ ਵਿਚ ਮਿਉਂਸਿਪਲ ਅਧਿਕਾਰੀਆਂ, ਪਿੰਡਾਂ ਵਿਚ ਸਰਪੰਚਾਂ, ਨੰਬਰਦਾਰਾਂ ਤੇ ਹੋਰ ਮੋਹਤਬਰ ਵਿਅਕਤੀਆਂ ਨੂੰ ਬਾਹਰੋਂ ਆਉਣ ਵਾਲਿਆਂ ਦੀ ਜਾਣਕਾਰੀ ਜ਼ਿਲ੍ਹਾ ਪ੍ਰਸ਼ਾਸਨ ਨੂੰ ਦੇਣ ਲਈ ਆਖਿਆ। ਉਨ੍ਹਾਂ ਆਖਿਆ ਕਿ ਅਜਿਹੇ ਵਿਅਕਤੀਆਂ ਬਾਰੇ ਜਾਣਕਾਰੀ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ਦੇ ਨੰਬਰ **01679-230032** ਜਾਂ ਵਟਸਐਪ ਨੰਬਰ **99152-74032** ਜਾਂ **75280-34032** ’ਤੇ ਦਿੱਤੀ ਜਾ ਸਕਦੀ ਹੈ।